27-Nov_Punjab-3-10-9-Jacket-2-1-Star.qxd 11/27/2025 11:57 PM Page 2

ਸੀ.ਸੀ.ਟੀ.ਵੀ. ਕੈਮਰੇ 'ਚ ਕੈਦ ਹਮਲਾਵਰ (ਵਿਚਕਾਰ) ਗੈਂਗ ਵਲੋਂ ਸੁੱਟੀ ਗਈ ਪਰਚੀ। (ਸੱਜੇ) ਗੋਲੀਆਂ ਲੱਗਣ ਕਾਰਨ ਟੁੱਟੇ ਸ਼ੀਸ਼ੇ। ਤਸਵੀਰਾਂ : ਹਰਜੋਤ ਚਾਨਾ

ਫਗਵਾੜਾ ਦੇ ਦਰਵੇਸ਼ ਪਿੰਡ 'ਚ 'ਆਪ' ਆਗੂ ਦੇ ਘਰ 'ਤੇ ਗੋਲੀਆਂ ਚਲਾਈਆਂ

ਪੁਲਿਸ ਵਲੋਂ ਜਾਂਚ ਸ਼ੁਰੂ

ਫਗਵਾੜਾ, 27 ਨਵੰਬਰ (ਹਰਜੋਤ ਸਿੰਘ ਚਾਨਾ)-ਬੀਤੀ ਦੇਰ ਰਾਤ ਦਰਵੇਸ਼ ਪਿੰਡ ਵਿਖੇ ਕੁਝ ਨੌਜਵਾਨਾਂ ਨੇ 'ਆਪ' ਦੇ ਸੀਨੀਅਰ ਆਗੂ ਦੇ ਘਰ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ ਅਤੇ ਮੌਕੇ ਤੋਂ ਫ਼ਰਾਰ ਹੋ ਗਏ। ਪ੍ਰਾਪਤ ਜਾਣਕਾਰੀ ਮੁਤਾਬਿਕ ਰਾਤ ਕਰੀਬ 1.10 ਵਜੇ ਦੇ ਕਰੀਬ ਇਕ ਮੋਟਰਸਾਈਕਲ 'ਤੇ ਸਵਾਰ 2 ਨੌਜਵਾਨ ਆਏ, ਜਿਨ੍ਹਾਂ ਆਪਣਾ ਮੋਟਰਸਾਈਕਲ ਪਿੱਛੇ ਖੜ੍ਹਾ ਕਰ ਦਿੱਤਾ ਤੇ ਪੈਦਲ ਉਸ ਦੇ ਘਰ ਤੱਕ ਆਏ ਤੇ ਆਉਂਦੇ ਸਾਰ ਅੰਨ੍ਹੇਵਾਹ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ ਤੇ 23 ਦੇ ਕਰੀਬ ਗੋਲੀਆਂ ਚਲਾਈਆਂ। ਜਾਣਕਾਰੀ ਦਿੰਦਿਆਂ ਯੁੱਧ ਨਸ਼ਿਆਂ ਦੇ ਵਿਰੁੱਧ ਮੁਹਿੰਮ ਦੇ ਕੋਆਰਡੀਨੇਟਰ ਦਲਜੀਤ ਰਾਜੂ ਨੇ ਦੱਸਿਆ ਕਿ ਉਹ ਆਪਣੇ ਘਰ 'ਚ ਸੁੱਤਾ ਪਿਆ ਸੀ ਤੇ ਜਦੋਂ ਪਹਿਲਾ ਆਵਾਜ਼ਾਂ ਆਉਣੀਆਂ ਸ਼ੁਰੂ ਹੋਈਆਂ ਤਾਂ ਉਸ ਨੂੰ ਲੱਗਾ ਕਿ ਬਾਹਰ ਪਟਾਕੇ ਜਾਂ ਸ਼ਾਰਟ ਸਰਕਟ ਹੋ ਰਿਹਾ ਹੈ ਤੇ ਜਦੋਂ ਉਸ ਦੇ ਘਰ ਦਾ ਸ਼ੀਸ਼ਾ ਟੁੱਟਿਆ ਤੇ ਹੋਰ ਥਾਵਾਂ 'ਤੇ ਗੋਲੀਆਂ ਲੱਗੀਆਂ ਤਾਂ ਉਨ੍ਹਾਂ ਦੇਖਿਆ ਕਿ ਬਾਹਰ ਦੋ ਵਿਅਕਤੀ ਫਾਇਰਿੰਗ ਕਰ ਰਹੇ ਸਨ ਤੇ ਫ਼ਰਾਰ ਹੋ ਗਏ। ਉਨ੍ਹਾਂ ਤੁਰੰਤ ਇਸ ਦੀ ਸੂਚਨਾ ਪੁਲਿਸ ਨੂੰ ਦਿੱਤੀ ਤੇ ਪੁਲਿਸ ਨੇ ਮੌਕੇ 'ਤੇ ਪੁੱਜ ਕੇ ਘਟਨਾ ਸਥਾਨ ਦਾ ਜਾਇਜ਼ਾ ਲਿਆ। ਘਟਨਾ ਦੀ ਸੂਚਨਾ ਮਿਲਦੇ ਸਾਰ ਸਵੇਰੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਸਾਬਕਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਡੀ.ਆਈ.ਜੀ. ਨਵੀਨ ਸਿੰਗਲਾ, ਐਸ.ਐਸ.ਪੀ. ਗੌਰਵ ਤੂਰਾ, ਜੋਗਿੰਦਰ ਸਿੰਘ ਮਾਨ, ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਮੌਕੇ 'ਤੇ ਪੁੱਜੇ ਤੇ ਇਸ ਘਟਨਾ 'ਤੇ ਚਿੰਤਾ ਪ੍ਰਗਟਾਈ। ਐਸ.ਪੀ. ਮਾਧਵੀ ਸ਼ਰਮਾ ਨੇ ਦੱਸਿਆ ਕਿ ਪੁਲਿਸ ਨੂੰ ਮੌਕੇ ਤੋਂ ਖੋਲ੍ਹ ਬਰਾਮਦ ਹੋਏ ਹਨ ਤੇ ਇੱਕ ਸਲਿਪ ਵੀ ਬਰਾਮਦ ਹੋਈ ਹੈ ਜਿਸ ਉੱਪਰ ਫ਼ਿਰੌਤੀ ਦੀ ਮੰਗ ਕਰਨ ਦੀ ਰਸੀਦ ਪਾਈ ਗਈ ਹੈ ਪਰ ਉਕਤ ਆਗੂ ਨੂੰ ਅੱਜ ਤੱਕ ਕੋਈ ਵੀ ਧਮਕੀ ਜਾਂ ਫ਼ਿਰੌਤੀ ਸੰਬੰਧੀ ਕੋਈ ਫ਼ੋਨ ਕਾਲ ਨਹੀਂ ਆਈ। ਉਨ੍ਹਾਂ ਕਿਹਾ ਕਿ ਆਲੇ ਦੁਆਲੇ ਦੇ ਸੀ.ਸੀ.ਟੀ.ਵੀ ਕੈਮਰੇ ਖੰਘਾਲੇ ਜਾ ਰਹੇ ਹਨ ਤੇ ਜਲਦੀ ਹੀ ਦੋਸ਼ੀਆਂ ਨੂੰ ਕਾਬੂ ਕੀਤਾ ਜਾਵੇਗਾ।

ਘਟਨਾ ਸੰਬੰਧੀ ਜਾਣਕਾਰੀ ਦਿੰਦੇ ਹੋਏ 'ਆਪ' ਆਗੂ ਦਲਜੀਤ ਰਾਜੂ।

ਵੱਖ-ਵੱਖ ਟੀਮਾਂ ਦਾ ਗਠਨ ਕਰ ਕੇ ਗਰੋਹ ਦੀ ਭਾਲ ਸ਼ੁਰੂ-ਡੀ.ਆਈ.ਜੀ ਸਿੰਗਲਾ

ਡੀ.ਆਈ.ਜੀ. ਨਵੀਨ ਸਿੰਗਲਾ ਨੇ ਘਟਨਾ ਸਥਾਨ ਦਾ ਜਾਇਜ਼ਾ ਲੈਣ ਉਪਰੰਤ ਗੱਲਬਾਤ ਕਰਦਿਆਂ ਦੱਸਿਆ ਕਿ ਪੁਲਿਸ ਦੇ ਕਈ ਵਿੰਗਾ ਨੂੰ ਇਸ ਕੇਸ ਨੂੰ ਹੱਲ ਕਰਨ ਲਈ ਲੱਗਾ ਦਿੱਤਾ ਗਿਆ ਹੈ ਤੇ ਪੁਲਿਸ ਵਲੋਂ ਐਂਟੀ ਗੈਂਗਸਟਰ ਟਾਸਕ ਫੋਰਸ ਤੇ ਕਾਊਂਟਰ ਇੰਟੈਲੀਜੈਂਸ ਦੀਆਂ ਟੀਮਾਂ ਤੇ ਸਥਾਨਕ ਪੁਲਿਸ ਨਾਲ ਮਿਲ ਕੇ ਹਮਲਾਵਰਾਂ ਦੀ ਪਹਿਚਾਣ ਕਰਨ ਲਈ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਕੇਸ ਨੂੰ ਹਰ ਪੱਖ ਤੋਂ ਵਾਚਿਆ ਜਾ ਰਿਹਾ ਹੈ, ਘਟਨਾ ਤੋਂ ਜਾਪਦਾ ਹੈ ਕਿ ਹਮਲਾਵਰ ਇਲਾਕੇ ਨਾਲ ਜਾਣੂ ਸਨ ਤੇ ਚਿਤਾਵਨੀ ਦੇਣ ਦੀ ਨੀਅਤ ਨਾਲ ਆਏ ਸਨ। ਮੌਕੇ 'ਤੇ ਫੋਰੈਂਸਿਕ ਟੀਮਾਂ ਨੇ ਵੀ ਪੁੱਜ ਕੇ ਜਾਂਚ ਕੀਤੀ। ਸੀ.ਸੀ.ਟੀ.ਵੀ. ਫੁਟੇਜ 'ਚ ਸਾਹਮਣੇ ਆਇਆ ਕਿ ਦੋ ਨੌਜਵਾਨ ਜੋ ਅੰਨ੍ਹੇਵਾਹ ਫਾਇਰਿੰਗ ਕਰ ਰਹੇ ਹਨ ਤੇ ਇੱਕ ਵਾਰ ਗੋਲੀਆਂ ਖ਼ਤਮ ਹੋਣ ਤੋਂ ਬਾਅਦ ਉਨ੍ਹਾਂ ਪਿਸਤੌਲ ਨੂੰ ਫਿਰ ਲੋਡ ਕੀਤਾ ਤੇ ਫਾਇਰਿੰਗ ਕੀਤੀ। ਅਜਿਹੀ ਘਟਨਾ ਨਾਲ ਲੋਕਾਂ 'ਚ ਚਿੰਤਾ ਵੀ ਪਾਈ ਜਾ ਰਹੀ ਹੈ। ਹਮਲਾਵਰ ਵਲੋਂ ਸੁੱਟੀ ਪਰਚੀ ਪੁਲਿਸ ਨੂੰ ਬਰਾਮਦ ਹੋਈ ਹੈ ਜਿਸ 'ਚ 'ਕਾਲਾ ਰਾਣਾ ਗਰੁੱਪ 5 ਕਰੋੜ' ਲਿਖਿਆ ਹੋਇਆ ਹੈ ਜਿਸ ਨੂੰ ਲੈ ਕੇ ਪੁਲਿਸ ਵਲੋਂ ਕੁਨੈਕਸ਼ਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਅਣਪਛਾਤੇ ਵਿਅਕਤੀਆਂ ਵਲੋਂ ਨੌਜਵਾਨ ਦਾ ਕਤਲ

ਸੁਲਤਾਨਵਿੰਡ (ਅੰਮ੍ਰਿਤਸਰ), 27 ਨਵੰਬਰ (ਗੁਰਨਾਮ ਸਿੰਘ ਬੁੱਟਰ)-ਥਾਣਾ ਸੁਲਤਾਨਵਿੰਡ ਦੇ ਅਧੀਨ ਆਉਂਦੇ ਇਲਾਕਾ ਕੋਟ ਮਿੱਤ ਸਿੰਘ ਵਿਖੇ ਤਕਰੀਬਨ ਸ਼ਾਮ ਦੇ ਸਵਾ ਅੱਠ ਵਜੇ ਨਿਹੰਗ ਸਿੰਘਾਂ ਦੇ ਬਾਣੇ 'ਚ ਐਕਟਿਵਾ ਸਕੂਟਰ 'ਤੇ ਆਏ ਤਿੰਨ ਨੌਜਵਾਨ ਵਿਅਕਤੀਆਂ ਨੇ ਅਜੇਪਾਲ ਸਿੰਘ ਪੁੱਤਰ ਕੁਲਵਿੰਦਰ ਸਿੰਘ ਨੂੰ ਕਿਰਪਾਨਾਂ ਅਤੇ ਹੋਰ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਬੜੀ ਬੇਰਹਿਮੀ ਨਾਲ ਕਤਲ ਕਰ ਦਿੱਤਾ। ਨਿਹੰਗ ਸਿੰਘਾਂ ਦੇ ਬਾਣੇ ਵਿਚ ਆਏ ਉਕਤ ਵਿਅਕਤੀਆਂ ਨੇ ਉਥੇ ਮੌਜੂਦ ਇਲਾਕਾ ਵਾਸੀਆਂ ਦਾ ਜ਼ਰਾ ਜਿੰਨਾ ਵੀ ਭੈਅ ਨਹੀਂ ਖਾਧਾ ਤੇ ਬੜੇ ਅਰਾਮ ਨਾਲ ਨੌਜਵਾਨ ਦਾ ਕਤਲ ਕਰਕੇ ਮੌਕੇ ਤੋਂ ਫਰਾਰ ਹੋ ਗਏ। ਕਤਲ ਕੀਤੇ ਗਏ ਨੌਜਵਾਨ ਦੀ ਬਿਰਧ ਮਾਤਾ ਮਨਜੀਤ ਕੌਰ ਨੇ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਪਾਸੋਂ ਮੰਗ ਕੀਤੀ ਕਿ ਮੇਰੇ ਪੁੱਤਰ ਦੇ ਕਾਤਲਾਂ ਨੂੰ ਛੇਤੀ ਤੋਂ ਛੇਤੀ ਕਾਬੂ ਕਰਕੇ ਫਾਹੇ ਲਾਇਆ ਜਾਵੇ। ਮੌਕੇ 'ਤੇ ਏ.ਸੀ.ਪੀ. ਕੰਵਲਜੀਤ ਸਿੰਘ ਅਤੇ ਪੁਲਿਸ ਥਾਣਾ ਸੁਲਤਾਨਵਿੰਡ ਦੇ ਮੁਖੀ ਇੰਸਪੈਕਟਰ ਬਲਵਿੰਦਰ ਸਿੰਘ ਪੁਹੰਚੇ ਅਤੇ ਕਿਹਾ ਕਿ ਪੁਲਿਸ ਵਲੋਂ ਲਾਸ਼ ਨੂੰ ਆਪਣੇ ਕਬਜ਼ੇ ਵਿਚ ਲੈ ਲਿਆ ਹੈ ਤੇ ਇਲਾਕੇ ਵਿਚ ਜਿੱਥੇ ਕੈਮਰੇ ਲੱਗੇ ਹੋਏ ਹਨ ਉਨ੍ਹਾਂ ਨੂੰ ਖੰਗਾਲਿਆ ਜਾ ਰਿਹਾ ਅਤੇ ਛੇਤੀ ਕਤਲ ਕਰਨ ਵਾਲਿਆਂ ਨੂੰ ਕਾਬੂ ਕੀਤਾ ਜਾਵੇਗਾ।

ਅਜੇਪਾਲ ਸਿੰਘ

ਨਾਬਾਲਗਾ ਦੀ ਹੱਤਿਆ ਦੇ ਮਾਮਲੇ 'ਚ ਜਲੰਧਰ ਪੁਲਿਸ ਕਮਿਸ਼ਨਰ ਵਲੋਂ ਏ.ਐਸ.ਆਈ. ਬਰਖ਼ਾਸਤ

ਦੋ ਪੀ.ਸੀ.ਆਰ. ਮੁਲਾਜ਼ਮ ਕੀਤੇ ਮੁਅੱਤਲ

ਜਲੰਧਰ, 27 ਨਵੰਬਰ (ਐੱਮ. ਐੱਸ. ਲੋਹੀਆ)-ਜਲੰਧਰ ਦੇ ਬਸਤੀਆਤ ਖੇਤਰ 'ਚ 13 ਸਾਲਾਂ ਦੀ ਨਾਬਾਲਗਾ ਨਾਲ ਮਾੜਾ ਵਿਵਹਾਰ ਕਰਨ ਉਪਰੰਤ ਉਸ ਦੀ ਹੱਤਿਆ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਰੰਧਾਵਾ ਨੇ ਜਾਂਚ ਕਰਨ ਗਏ ਏ.ਐੱਸ.ਆਈ. ਮੰਗਤ ਰਾਮ ਨੂੰ ਬਰਖ਼ਾਸਤ ਕਰ ਦਿੱਤਾ ਹੈ, ਜਦਕਿ ਬੱਚੀ ਦੀ ਗੁੰਮਸ਼ੁਦਗੀ ਸੰਬੰਧੀ ਸੂਚਨਾ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੇ ਪੀ.ਸੀ.ਆਰ. ਦੇ ਦੋ ਮੁਲਾਜ਼ਮਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਏ.ਡੀ.ਸੀ.ਪੀ. (ਸਿਟੀ-2) ਹਰਿੰਦਰ ਸਿੰਘ ਗਿੱਲ ਨੇ ਜਾਣਕਾਰੀ ਦਿੱਤੀ ਕਿ ਬੱਚੀ ਦੀ ਹੱਤਿਆ ਦੇ ਮਾਮਲੇ ਦੀ ਤਫ਼ਤੀਸ਼ ਕਰਨ ਪਹੁੰਚੇ ਏ.ਐੱਸ.ਆਈ. ਮੰਗਤ ਰਾਮ ਵਲੋਂ ਆਪਣੀ ਡਿਊਟੀ ਨੂੰ ਸਹੀ ਢੰਗ ਨਾਲ ਨਹੀਂ ਕੀਤਾ ਗਿਆ, ਜਿਸ ਕਰਕੇ ਪਹਿਲਾਂ ਉਸ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕੀਤਾ ਗਿਆ ਸੀ, ਪਰ ਹੁਣ ਮਾਮਲੇ ਦੀ ਮੁੱਢਲੀ ਤਫ਼ਤੀਸ਼ ਦੌਰਾਨ ਮੰਗਤ ਰਾਮ ਦੀ ਵੱਡੀ ਅਣਗਹਿਲੀ ਸਾਹਮਣੇ ਆਉਣ 'ਤੇ ਉਸ ਨੂੰ ਬਰਖ਼ਾਸਤ ਕਰ ਦਿੱਤਾ ਗਿਆ ਹੈ। ਏ.ਡੀ.ਸੀ.ਪੀ. ਗਿੱਲ ਨੇ ਦੱਸਿਆ ਕਿ ਇਸ ਮਾਮਲੇ 'ਚ ਮੌਕੇ 'ਤੇ ਪਹੁੰਚੇ ਪੀ.ਸੀ.ਆਰ. ਮੁਲਾਜ਼ਮ ਏ.ਐੱਸ.ਆਈ. (ਐੱਲ.ਆਰ.) ਲਖਬੀਰ ਸਿੰਘ ਅਤੇ ਏ.ਐੱਸ.ਆਈ. (ਐੱਲ.ਆਰ.) ਹਰਦੀਪ ਸਿੰਘ ਨੂੰ ਬਰਖ਼ਾਸਤ ਕਰਕੇ ਉਨ੍ਹਾਂ ਦੀ ਵਿਭਾਗ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਪੁਲਿਸ ਕਮਿਸ਼ਨਰ ਵਲੋਂ ਬਰਖ਼ਾਸਤ ਕੀਤਾ ਗਿਆ ਏ.ਐੱਸ.ਆਈ. ਮੰਗਤ ਰਾਮ

ਲਾਪ੍ਰਵਾਹੀ ਵਰਤਣ ਵਾਲੇ ਪੁਲਿਸ ਮੁਲਾਜ਼ਮ ਖ਼ਿਲਾਫ਼ ਮਾਮਲਾ ਦਰਜ ਕੀਤਾ ਜਾਵੇ-ਰਾਜ ਲਾਲੀ ਗਿੱਲ

ਐੱਸ. ਏ. ਐੱਸ. ਨਗਰ, 27 ਨਵੰਬਰ (ਪ੍ਰੋ. ਅਵਤਾਰ ਸਿੰਘ)-ਜਲੰਧਰ ਵਿਖੇ 13 ਸਾਲਾ ਬੱਚੀ ਨਾਲ ਜਬਰ-ਜਨਾਹ ਤੋਂ ਬਾਅਦ ਕਤਲ ਕੀਤੇ ਜਾਣ ਦੇ ਮਾਮਲੇ 'ਚ ਪੀੜਤ ਪਰਿਵਾਰ ਨਾਲ ਮੁਲਾਕਾਤ ਕਰਨ ਉਪਰੰਤ ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਮੁਹਾਲੀ ਵਿਚਲੇ ਆਪਣੇ ਦਫ਼ਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਘਟਨਾ ਵਾਲੀ ਰਾਤ ਜਿਸ ਢੰਗ ਨਾਲ ਪੰਜਾਬ ਪੁਲਿਸ ਦੇ ਮੁਲਾਜ਼ਮ ਦੀ ਡਿਊਟੀ 'ਚ ਕੁਤਾਹੀ ਸਾਹਮਣੇ ਆਈ ਹੈ, ਉਸ ਨੂੰ ਮੱਦੇਨਜ਼ਰ ਰੱਖਦੇ ਹੋਏ ਉਨ੍ਹਾਂ ਡੀ. ਜੀ. ਪੀ. ਪੰਜਾਬ ਨੂੰ ਅਪੀਲ ਕੀਤੀ ਹੈ ਕਿ ਉਹ ਸੰਬੰਧਤ ਪੁਲਿਸ ਮੁਲਾਜ਼ਮ ਖ਼ਿਲਾਫ਼ ਮਾਮਲਾ ਦਰਜ ਕਰਨ। ਚੇਅਰਪਰਸਨ ਰਾਜ ਲਾਲੀ ਗਿੱਲ ਨੇ ਅੱਗੇ ਕਿਹਾ ਕਿ ਉਨ੍ਹਾਂ ਜਲੰਧਰ ਦੇ ਪੁਲਿਸ ਕਮਿਸ਼ਨਰ ਨਾਲ ਮੁਲਾਕਾਤ ਕਰਕੇ ਇਹ ਮੰਗ ਕੀਤੀ ਹੈ ਕਿ ਜੇਕਰ ਉਕਤ ਪੁਲਿਸ ਮੁਲਾਜ਼ਮ ਦੀ ਕੋਈ ਸਬੂਤ ਮਿਟਾਉਣ ਜਾਂ ਫਿਰ ਕਾਤਲ ਨਾਲ ਮਿਲੀਭੁਗਤ ਨਜ਼ਰ ਆਉਂਦੀ ਹੈ ਤਾਂ ਉਸ ਖ਼ਿਲਾਫ਼ ਮਾਮਲਾ ਦਰਜ ਕਰਕੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।

ਮੁਹਾਲੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੀ ਹੋਈ ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ। ਅਜੀਤ ਤਸਵੀਰ

ਬਰਸੀ 'ਤੇ ਵਿਸ਼ੇਸ਼ : ਮਹਿੰਦਰ ਸਿੰਘ ਚੱਢਾ ਤੇ ਸੁਰਜੀਤ ਸਿੰਘ ਚੱਢਾ

ਜਲੰਧਰ : ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੁਰਜੀਤ ਗੁਡਜ਼ ਕੈਰੀਅਰਜ਼ ਵਲੋਂ ਵਿਸ਼ੇਸ਼ ਤੌਰ 'ਤੇ ਕਰਵਾਏ ਜਾ ਰਹੇ ਗੁਰਮਤਿ ਸਮਾਗਮ 'ਚ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 28 ਨਵੰਬਰ ਨੂੰ ਪਾਏ ਜਾ ਰਹੇ ਹਨ, ਉਪਰੰਤ ਕੰਪਨੀ ਦੇ ਸੰਸਥਾਪਕ ਮਹਿੰਦਰ ਸਿੰਘ ਚੱਢਾ ਦੀ ਯਾਦ 'ਚ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਮਿੱਠ ਬੋਲੜੇ, ਮਿਲਣਸਾਰ, ਉੱਘੇ ਕਾਰੋਬਾਰੀ ਅਤੇ ਧਾਰਮਿਕ ਸੁਭਾਅ ਦੇ ਮਾਲਕ ਮਹਿੰਦਰ ਸਿੰਘ ਚੱਢਾ ਦਾ ਜਨਮ 1926 ਨੂੰ ਰਾਮ ਸਿੰਘ ਚੱਢਾ ਦੇ ਗ੍ਰਹਿ ਪਿੰਡ ਨਾਰੰਗ ਪਾਕਿਸਤਾਨ ਵਿਖੇ ਹੋਇਆ। ਉਨ੍ਹਾਂ ਨੇ ਪਾਕਿਸਤਾਨ ਤੋਂ ਆ ਕੇ ਜਲੰਧਰ ਮੱਛੀ ਮਾਰਕੀਟ 'ਚ ਇੱਕ ਟਰਾਂਸਪੋਰਟ ਬੁਕਿੰਗ ਏਜੰਸੀ ਲੈ ਕੇ ਆਪਣੇ ਕਾਰੋਬਾਰ ਦੀ ਸ਼ੁਰੂਆਤ ਕੀਤੀ, ਉਪਰੰਤ 1977 'ਚ ਆਪਣੇ ਪੁੱਤਰ ਸੁਰਜੀਤ ਸਿੰਘ ਚੱਢਾ ਅਤੇ ਸਤਨਾਮ ਸਿੰਘ ਚੱਢਾ ਦੇ ਨਾਲ ਮਿਲ ਕੇ ਸੁਰਜੀਤ ਗੁਡਜ਼ ਕੈਰੀਅਰ ਦੀ ਸ਼ੁਰੂਆਤ ਕੀਤੀ। ਉਨ੍ਹਾਂ ਦੇ ਛੋਟੇ ਬੇਟੇ ਹਰਮਿੰਦਰ ਸਿੰਘ ਚੱਢਾ ਨੇ ਵੀ ਆਪਣੀ ਪੜ੍ਹਾਈ ਪੂਰੀ ਕਰ ਕੇ ਪਿਤਾ ਦੇ ਨਾਲ ਕੰਮ 'ਤੇ ਲੱਗ ਗਏ ਪਰ ਸਾਲ 1987 'ਚ ਮਹਿੰਦਰ ਸਿੰਘ ਚੱਢਾ ਸਵਰਗ ਸਿਧਾਰ ਗਏ। ਬਾਅਦ 'ਚ ਮਾਤਾ ਪ੍ਰੀਤਮ ਕੌਰ ਚੱਢਾ ਦੀ ਅਗਵਾਈ 'ਚ ਤਿੰਨਾਂ ਭਰਾਵਾਂ ਨੇ ਕੰਪਨੀ ਨੂੰ ਅੱਗੇ ਵਧਾਇਆ ਅਚਾਨਕ 2009 'ਚ ਸੁਰਜੀਤ ਸਿੰਘ ਚੱਢਾ ਵੀ ਸਵਰਗ ਸਿਧਾਰ ਗਏ ਉਪਰੰਤ ਮਹਿੰਦਰ ਸਿੰਘ ਚੱਢਾ ਦੇ ਪੋਤੇ ਗੁਰਪ੍ਰੀਤ ਸਿੰਘ ਚੱਢਾ, ਤੇਜਮੀਤ ਸਿੰਘ, ਹਰਮੀਤ ਸਿੰਘ, ਮਹਿੰਦਰ ਪ੍ਰੀਤ ਸਿੰਘ ਚੱਢਾ ਆਪਣੇ ਦਾਦਾ ਦੇ ਨਕਸ਼ੇ ਕਦਮਾਂ 'ਤੇ ਚੱਲਦਿਆਂ ਹੋਇਆ ਕੰਪਨੀ ਨੂੰ ਜੰਮੂ ਤੋਂ ਦਿੱਲੀ ਤੱਕ ਫੈਲਾ ਦਿੱਤਾ। 29 ਨਵੰਬਰ 2021 ਨੂੰ ਮਾਤਾ ਪ੍ਰੀਤਮ ਕੌਰ ਚੱਢਾ ਦੇ ਸਵਰਗ ਸਿਧਾਰ ਜਾਣ 'ਤੇ ਉਨ੍ਹਾਂ ਦੇ ਬੇਟੇ ਸਤਨਾਮ ਸਿੰਘ ਚੱਢਾ ਅਤੇ ਹਰਮਿੰਦਰ ਸਿੰਘ ਚੱਢਾ ਦੀ ਅਗਵਾਈ 'ਚ ਕੰਪਨੀ ਦਿਨ ਦੁੱਗਣੀ ਰਾਤ ਚੌਗੁਣੀ ਤਰੱਕੀ ਕਰ ਰਹੀ। ਮਹਿੰਦਰ ਸਿੰਘ ਚੱਢਾ, ਸੁਰਜੀਤ ਸਿੰਘ ਚੱਢਾ ਅਤੇ ਮਾਤਾ ਪ੍ਰੀਤਮ ਕੌਰ ਚੱਢਾ ਦੀ ਯਾਦ ਨੂੰ ਤਾਜ਼ਾਂ ਕਰਦੇ ਹੋਏ ਪਰਿਵਾਰ ਵਲੋਂ ਸੁਆਮੀ ਸ਼ਾਂਤਾ ਨੰਦ ਦੀ ਅਗਵਾਈ 'ਚ 28 ਨਵੰਬਰ ਨੂੰ ਵਿਸ਼ੇਸ਼ ਗੁਰਮਤਿ ਸਮਾਗਮ ਸੁਰਜੀਤ ਗੁਡਜ਼ ਕੈਰੀਅਰ ਨੇੜੇ ਪੁਰਾਣੀ ਸਬਜ਼ੀ ਮੰਡੀ ਵਿਖੇ ਸਵੇਰੇ 10.15 ਵਜੇ ਤੋਂ ਦੁਪਹਿਰ 1.15 ਵਜੇ ਤੱਕ ਕਰਵਾਇਆ ਜਾ ਰਿਹਾ ਹੈ।

— ਹਰਵਿੰਦਰ ਸਿੰਘ ਫੁੱਲ

ਸਵ.ਮਹਿੰਦਰ ਸਿੰਘ ਚੱਢਾ, ਸਵ ਸੁਰਜੀਤ ਸਿੰਘ ਚੱਢਾ

'ਸੀਸ ਸਸਕਾਰ ਦਿਵਸ' ਸੰਬੰਧੀ ...

(ਸਫ਼ਾ 3 ਦੀ ਬਾਕੀ)

ਵਲੋਂ ਕੀਤੀ ਗਈ। ਉਪਰੰਤ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਏ। ਜਿਨ੍ਹਾਂ ਦੇ ਭੋਗ 29 ਨਵੰਬਰ ਨੂੰ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੇ 'ਸੀਸ ਸਸਕਾਰ ਦਿਵਸ' ਮੌਕੇ ਪੈਣਗੇ। ਇਸ ਉਪਰੰਤ ਬਾਅਦ ਦੁਪਹਿਰ ਤਿੰਨ ਵਜੇ ਤੱਕ 'ਸੀਸ ਸਸਕਾਰ ਦਿਵਸ' ਦੇ ਮੁੱਖ ਸਮਾਗਮ ਹੋਣਗੇ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸੁਖਬੀਰ ਸਿੰਘ ਨੇ ਦੱਸਿਆ ਕਿ ਅੱਜ 28 ਨਵੰਬਰ ਨੂੰ ਦਿੱਲੀ ਤੋਂ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਬਿਬਾਨਗੜ੍ਹ ਸਾਹਿਬ ਸ੍ਰੀ ਕੀਰਤਪੁਰ ਸਾਹਿਬ ਪੁੱਜੇਗਾ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ, ਜਸਵਿੰਦਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨ